**ਬਿਭਾਸ ਪ੍ਰਭਾਤੀ ਬਾਣੀ ਭਗਤ ਕਬੀਰ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਮਰਨ ਜੀਵਨ ਕੀ ਸੰਕਾ ਨਾਸੀ ॥ ਆਪਨ ਰੰਗਿ ਸਹਜ ਪਰਗਾਸੀ ॥੧॥ ਪ੍ਰਗਟੀ ਜੋਤਿ ਮਿਟਿਆ ਅੰਧਿਆਰਾ ॥ ਰਾਮ ਰਤਨੁ ਪਾਇਆ ਕਰਤ ਬੀਚਾਰਾ ॥੧॥ ਰਹਾਉ ॥ ਜਹ ਅਨੰਦੁ ਦੁਖੁ ਦੂਰਿ ਪਇਆਨਾ ॥ ਮਨੁ ਮਾਨਕੁ ਲਿਵ ਤਤੁ ਲੁਕਾਨਾ ॥੨॥ ਜੋ ਕਿਛੁ ਹੋਆ ਸੁ ਤੇਰਾ ਭਾਣਾ ॥ ਜੋ ਇਵ ਬੂਝੈ ਸੁ ਸਹਜਿ ਸਮਾਣਾ ॥੩॥ ਕਹਤੁ ਕਬੀਰੁ ਕਿਲਬਿਖ ਗਏ ਖੀਣਾ ॥ ਮਨੁ ਭਇਆ ਜਗਜੀਵਨ ਲੀਣਾ ॥੪॥੧॥** {ਪੰਨਾ 1349}

ਨੋਟ:- ਇਹ ਸ਼ਬਦ ਬਿਭਾਸ ਅਤੇ ਪ੍ਰਭਾਤੀ ਦੋਹਾਂ ਮਿਲਵੇਂ ਰਾਗਾਂ ਵਿਚ ਗਾਉਣ ਵਾਸਤੇ ਹਨ।

ਪਦ ਅਰਥ:- ਸੰਕਾ—ਸਹਿਸਾ, ਫ਼ਿਕਰ, ਸ਼ੱਕ। ਆਪਨ ਰੰਗਿ—ਆਪਣੀ ਮੌਜ ਵਿਚ, ਆਪਣੀ ਰਜ਼ਾ ਵਿਚ। ਸਹਜ—ਅਡੋਲ ਅਵਸਥਾ ਦਾ।1।

ਕਰਤ ਬੀਚਾਰਾ—ਵਿਚਾਰ ਕਰਦਿਆਂ ਕਰਦਿਆਂ, ਸੁਰਤਿ ਜੋੜਦਿਆਂ ਜੋੜਦਿਆਂ।1। ਰਹਾਉ।

ਜਹ—ਜਿਸ ਮਨ ਵਿਚ। ਪਇਆਨਾ—ਚਲਾ ਜਾਂਦਾ ਹੈ। ਮਾਨਕੁ—ਮੋਤੀ। ਤਤੁ—ਸਾਰੇ ਜਗਤ ਦਾ ਮੂਲ ਪ੍ਰਭੂ। ਲੁਕਾਨਾ—ਲੁਕਾ ਲੈਂਦਾ ਹੈ, ਵਸਾ ਲੈਂਦਾ ਹੈ। ਲਿਵ—ਸੁਰਤ ਜੋੜ ਕੇ।2।

ਇਵ—ਇਸ ਤਰ੍ਹਾਂ। ਇਵ ਬੂਝੈ—ਇਹ ਸੂਝ ਪੈ ਜਾਂਦੀ ਹੈ। ਸਹਜਿ—ਸਹਜਿ-ਅਵਸਥਾ ਵਿਚ।3।

ਖੀਣਾ—ਕਮਜ਼ੋਰ। ਗਏ ਖੀਣਾ—ਕਮਜ਼ੋਰ ਹੋ ਕੇ ਨਾਸ ਹੋ ਜਾਂਦੇ ਹਨ। ਭਇਆ ਲੀਣਾ—ਲੀਨ ਹੋ ਜਾਂਦਾ ਹੈ, ਮਗਨ ਹੋ ਜਾਂਦਾ ਹੈ।4।

ਅਰਥ:- (ਪ੍ਰਭੂ ਦੇ ਨਾਮ ਵਿਚ) ਸੁਰਤ ਜੋੜਦਿਆਂ ਜੋੜਦਿਆਂ ਜਿਸ ਮਨੁੱਖ ਨੂੰ ਨਾਮ ਰਤਨ ਲੱਭ ਪੈਂਦਾ ਹੈ (ਉਸ ਦੇ ਅੰਦਰ) ਪ੍ਰਭੂ ਦੀ ਜੋਤਿ ਜਗ ਪੈਂਦੀ ਹੈ, ਤੇ (ਉਸ ਦੇ ਅੰਦਰੋਂ ਵਿਕਾਰ ਆਦਿਕਾਂ ਦਾ) ਹਨੇਰਾ ਮਿਟ ਜਾਂਦਾ ਹੈ।1। ਰਹਾਉ।

(ਉਸ ਮਨੁੱਖ ਦਾ) ਇਹ ਤੌਖਲਾ ਮੁੱਕ ਜਾਂਦਾ ਹੈ ਕਿ ਜਨਮ ਮਰਨ ਦੇ ਗੇੜ ਵਿਚ ਪੈਣਾ ਪਏਗਾ, ਕਿਉਂਕਿ ਪਰਮਾਤਮਾ ਆਪਣੀ ਮਿਹਰ ਨਾਲ (ਉਸ ਦੇ ਅੰਦਰ) ਆਤਮਕ ਅਡੋਲਤਾ ਦਾ ਪ੍ਰਕਾਸ਼ ਕਰ ਦੇਂਦਾ ਹੈ।1।

ਜਿਸ ਮਨ ਵਿਚ (ਪ੍ਰਭੂ ਦੇ ਮੇਲ ਦਾ) ਅਨੰਦ ਬਣ ਜਾਏ ਤੇ (ਦੁਨੀਆ ਵਾਲਾ) ਦੁੱਖ ਕਲੇਸ਼ ਨਾਸ ਹੋ ਜਾਏ, ਉਹ ਮਨ (ਪ੍ਰਭੂ-ਚਰਨਾਂ ਵਿਚ) ਜੁੜਨ ਦੀ ਬਰਕਤਿ ਨਾਲ ਮੋਤੀ (ਵਰਗਾ ਕੀਮਤੀ) ਬਣ ਕੇ ਪ੍ਰਭੂ ਨੂੰ ਆਪਣੇ ਅੰਦਰ ਵਸਾ ਲੈਂਦਾ ਹੈ।2।

(ਹੇ ਪ੍ਰਭੂ! ਤੇਰੇ ਨਾਮ ਵਿਚ ਸੁਰਤਿ ਜੋੜਦਿਆਂ ਜੋੜਦਿਆਂ) ਜਿਸ ਮਨੁੱਖ ਨੂੰ ਇਹ ਸੂਝ ਪੈ ਜਾਂਦੀ ਹੈ ਕਿ ਜਗਤ ਵਿਚ ਜੋ ਕੁਝ ਹੋ ਰਿਹਾ ਹੈ ਤੇਰੀ ਰਜ਼ਾ ਹੋ ਰਹੀ ਹੈ, ਉਹ ਮਨੁੱਖ ਸਦਾ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ (ਉਸ ਨੂੰ ਕਦੇ ਕੋਈ ਤੌਖਲਾ ਨਹੀਂ ਹੁੰਦਾ)।3।

ਕਬੀਰ ਆਖਦਾ ਹੈ—ਉਸ ਮਨੁੱਖ ਦੇ ਪਾਪ ਨਾਸ ਹੋ ਜਾਂਦੇ ਹਨ, ਉਸ ਦਾ ਮਨ ਜਗਤ-ਦੇ-ਜੀਵਨ ਪ੍ਰਭੂ ਵਿਚ ਮਗਨ ਰਹਿੰਦਾ ਹੈ।4।1।

ਸ਼ਬਦ ਦਾ ਭਾਵ:- ਮਿਲਾਪ-ਅਵਸਥਾ—ਮਨ ਵਿਚੋਂ ਵਿਕਾਰ ਦੂਰ ਹੋ ਜਾਂਦੇ ਹਨ, ਜਗਤ ਵਿਚ ਜੋ ਕੁਝ ਹੋ ਰਿਹਾ ਹੈ ਪ੍ਰਭੂ ਦੀ ਹੀ ਰਜ਼ਾ ਦਿੱਸਦੀ ਹੈ।